## ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 03-08-2024**

ਪ੍ਰਧਾਨ ਮੰਤਰੀ ਨੇ ਕੱਲ੍ਹ ਰਾਸ਼ਟਰਪਤੀ ਭਵਨ ਵਿੱਚ ਰਾਜਪਾਲਾਂ ਦੀ ਦੋ ਦਿਨ ਦੀ ਕਾਨਫਰੰਸ ਨੂੰ ਸੰਬੋਧਨ ਕੀਤਾ। ਉਨਾਂ ਰਾਜਪਾਲਾਂ ਨੂੰ ਕੇਂਦਰ ਤੇ ਸੂਬਿਆਂ ਵਿਚਾਲੇ ਅਸਰਦਾਰ ਪੁਲ ਦੀ ਭੂਮਿਕਾ ਨਿਭਾਉਣ ਦੀ ਅਪੀਲ ਕੀਤੀ। ਉਨ੍ਹਾਂ ਰਾਜਪਾਲਾਂ ਨੂੰ ਵੀ ਅਪੀਲ ਕੀਤੀ ਕਿ ਉਹ ਯੋਜਨਾਵਾਂ ਤੋਂ ਵਾਂਝੇ ਲੋਕਾਂ ਦੀ ਮਦਦ ਲਈ ਜਨਤਕ ਅਤੇ ਸਮਾਜਿਕ ਸੰਸਥਾਵਾਂ ਨਾਲ ਵਿਚਾਰ ਵਟਾਂਦਰਾ ਕਰਨ। ਇਸ ਤੋਂ ਪਹਿਲਾਂ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ, ਕਾਨਫਰੰਸ ਦਾ ਉਦਘਾਟਨ ਕਰਦਿਆਂ ਕਿਹਾ ਕਿ ਦੇਸ਼ ਵਿੱਚ ਤਿੰਨ ਨਵੇਂ ਕਾਨੂੰਨ ਲਾਗੂ ਹੋਣ ਨਾਲ, ਨਿਆਂ ਪ੍ਰਣਾਲੀ ਦੇ ਨਵੇਂ ਦੌਰ ਦੀ ਸ਼ੁਰੂਆਤ ਹੋਈ ਏ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ, ਕਿ ਨੈਸ਼ਨਲ ਹਾਈ ਸਪੀਡ ਰੋਡ ਕੋਰੀਡੋਰ ਪ੍ਰਾਜੈਕਟ, ਦੇਸ਼ ਦੇ ਆਰਥਿਕ ਵਿਕਾਸ ਨੂੰ ਤੇਜ਼ ਕਰਨਗੇ

ਅਤੇ ਰੁਜ਼ਗਾਰ ਦੇ ਮੌਕੇ ਵਧਾਉਣਗੇ । ਕੇਂਦਰੀ ਮੰਤਰੀ ਮੰਡਲ ਨੇ ਕੱਲ੍ਹ 50 ਹਜ਼ਾਰ ਕਰੋੜ ਰੁਪਏ ਦੇ 8 ਪ੍ਰਾਜੈਕਟਾਂ ਨੂੰ ਮਨਜ਼ੂਰੀ ਦਿੱਤੀ ਏ। ਪ੍ਰਧਾਨ ਮੰਤਰੀ ਮੋਦੀ ਨੇ, ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਇਹ ਅਖੰਡ ਭਾਰਤ ਪ੍ਰਤੀ, ਸਰਕਾਰ ਦੀ ਵਚਨਬੱਧਤਾ ਨੂੰ ਸਪੱਸ਼ਟ ਰੂਪ ਵਿੱਚ ਦਰਸਾਉਂਦਾ ਏ । ਉਨਾਂ ਕਿਹਾ ਕਿ ਇਹ ਪ੍ਰੋਜੈਕਟ, ਮਾਲ ਢੁਆਈ ਦੀ ਸਮਰੱਥਾ ਵਧਾਉਣਗੇ, ਟ੍ਰੈਫਿਕ ਜਾਮ ਘਟਾਉਣਗੇ ਅਤੇ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿਚਕਾਰ ਸੰਪਰਕ ਵਧਾਉਣਗੇ । ਇਸ ਦੌਰਾਨ ਮੰਤਰੀ ਮੰਡਲ ਦੀ ਮੀਟਿੰਗ ਮਗਰੋਂ, ਕੇਂਦਰੀ ਸੂਚਨਾ ਤੇ ਪ੍ਰਸਾਰਣ ਮੰਤਰੀ ਅਸ਼ਵਿਨੀ ਵੈਸ਼ਨਵ ਨੇ ਕਿਹਾ ਕਿ ਇਹ ਪ੍ਰਾਜੈਕਟ, ਭਾਰਤ ਦੇ 2047 ਦੇ ਟੀਚੇ ਦੇ ਅਨੁਸਾਰ ਨੇ ।

---

ਪੰਜਾਬ BJP ਆਗੂ ਅਤੇ ਜਲੰਧਰ ਦੇ ਸਾਬਕਾ ਸੰਸਦ ਮੈਂਬਰ ਸੁਸ਼ੀਲ ਰਿੰਕੂ ਨੇ, ਕੱਲ੍ਹ ਦਿੱਲੀ ਵਿਖੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਮੁਲਾਕਾਤ ਕੀਤੀ । ਸੁਸ਼ੀਲ ਰਿੰਕੂ ਨੇ, ਉਨ੍ਹਾਂ ਸਾਹਮਣੇ ਆਦਮਪੁਰ ਹਵਾਈ ਅੱਡੇ ਦੇ ਨਾਮਕਰਨ ਦਾ ਮੁੱਦਾ ਰੱਖਿਆ । ਅਮਿਤ ਸ਼ਾਹ ਨੇ ਕਿਹਾ ਕਿ ਆਦਮਪੁਰ ਹਵਾਈ ਅੱਡੇ ਦੇ ਨਾਮਕਰਨ ਦੀ ਤਜਵੀਜ਼ ਨੂੰ ਕੈਬਨਿਟ

ਛੇਤੀ ਹੀ ਮਨਜ਼ੂਰੀ ਦੇਵੇਗੀ । ਇਸ ਦੇ ਨਾਲ ਹੀ, ਉਨ੍ਹਾਂ ਪੰਜਾਬ ਵਿੱਚ ਵਿਗੜ ਰਹੀ ਅਮਨ-ਕਾਨੂੰਨ ਦੀ ਸਥਿਤੀ ਅਤੇ ਜਲੰਧਰ ਜ਼ਿਲ੍ਹੇ ਦੇ ਬਾਕੀ ਰਹਿੰਦੇ  ਵਿਕਾਸ ਕਾਰਜਾਂ ਬਾਰੇ ਵੀ ਗ੍ਰਹਿ ਮੰਤਰੀ ਨੂੰ ਵਿਸਥਾਰ ਨਾਲ ਜਾਣਕਾਰੀ ਦਿੱਤੀ। ਸੁਸ਼ੀਲ ਰਿੰਕੂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, 30 ਮਈ ਨੂੰ ਹੁਸ਼ਿਆਰਪੁਰ ਵਿੱਚ ਆਪਣੀ ਇੱਕ ਚੋਣ ਰੈਲੀ ਵਿੱਚ ਕਿਹਾ ਸੀ, ਕਿ ਉਹ, ਚਾਹੁੰਦੇ ਨੇ ਕਿ ਆਦਮਪੁਰ ਹਵਾਈ ਅੱਡੇ ਦਾ ਨਾਮ ਗੁਰੂ ਰਵਿਦਾਸ ਦੇ ਨਾਮ ਉੱਤੇ ਰੱਖਿਆ ਜਾਵੇ । ਸੁਸ਼ੀਲ ਰਿੰਕੂ ਨੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਪੰਜਾਬ ਦੀ ਕਾਨੂੰਨ ਵਿਵਸਥਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਲੁੱਟ-ਖੋਹ, ਡਕੈਤੀ, ਫਿਰੌਤੀ ਅਤੇ ਗੈਂਗਵਾਰ ਆਮ ਹੋ ਗਏ ਨੇ, ਜਿਸ ਕਾਰਨ ਪੰਜਾਬ ਦਾ ਹਰ ਨਾਗਰਿਕ ਦਹਿਸ਼ਤ ਵਿੱਚ ਏ।

---------------------------------------------------------------

ਵਿਸ਼ਵ ਦੀ ਸਭ ਤੋਂ ਵੱਡੀ ਸਹਿਕਾਰੀ ਖਾਦ ਸੰਸਥਾ ਇਫਕੋ ਨੇ, ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਦੇ ਸਹਿਯੋਗ ਨਾਲ ਫਰੀਦਕੋਟ ਵਿਖੇ, ਖੇਤੀ ਸਮੱਗਰੀ ਵਿਕ੍ਰੇਤਾਵਾਂ ਅਤੇ ਕਿਸਾਨਾਂ ਦਾ ਜਾਗਰੂਕਤਾ ਪ੍ਰੋਗਰਾਮ ਡਿਪਟੀ

ਕਮਿਸ਼ਨਰ ਵਿਨੀਤ ਕੁਮਾਰ ਦੀ ਅਗਵਾਈ ਹੇਠ ਕਰਵਾਇਆ। ਇਸ ਮੌਕੇ ਉਨਾਂ ਕਿਹਾ ਕਿ ਅਜੋਕੇ ਸਮੇਂ ਵਿੱਚ ਫਸਲਾਂ ਦੀ ਪੈਦਾਵਾਰ ਲਈ ਕਿਸਾਨਾਂ ਵੱਲੋਂ ਸਿਫਾਰਸ਼ਾਂ ਤੋਂ ਵੱਧ ਰਸਾਇਣਿਕ ਖਾਦਾਂ ਦੀ ਵਰਤੋਂ ਕੀਤੀ ਜਾ ਰਹੀ ਏ ਜਿਸ ਕਰਕੇ ਵਾਤਾਵਰਣ ਦੇ ਨਾਲ ਮਿੱਟੀ ਤੇ ਪਾਣੀ ਵੀ ਦੂਸ਼ਿਤ ਹੋ ਰਿਹਾ ਏ। ਉਨ੍ਹਾਂ ਕਿਹਾ ਕਿ ਸਮੇਂ ਦੀ ਮੰਗ ਅਨੁਸਾਰ ਨਵੀਂਆਂ ਤਕਨੀਕਾਂ ਅਪਨਾਉਣ ਦੀ ਜ਼ਰੂਰਤ ਏ ਤਾਂ ਜੋ ਖੇਤੀ ਲਾਗਤ ਖਰਚੇ ਘਟਾ ਕੇ ਸ਼ੁਧ ਆਮਦਨ ਵਿੱਚ ਵਾਧਾ ਕੀਤਾ ਜਾ ਸਕੇ। ਵਿਨੀਤ ਕੁਮਾਰ ਨੇ ਕਿਹਾ ਕਿ ਨੈਨੋ ਯੂਰੀਆ ਆਧੁਨਿਕ ਯੁੱਗ ਦੀ ਨਵੀਂ ਨੈਨੋ ਤਕਨਾਲੋਜੀ ਨਾਲ ਤਿਆਰ ਕੀਤੀ ਅਜਿਹੀ ਖਾਦ ਏ ਜਿਸ ਦੀ ਵਰਤੋਂ ਨਾਲ ਰਸਾਇਣਿਕ ਖਾਦਾਂ ਖਾਸ ਕਰਕੇ ਦਾਣੇਦਾਰ ਯੂਰੀਆ ਦੀ ਵਰਤੋਂ ਨੂੰ ਘਟਾਇਆ ਜਾ ਸਕਦਾ ਏ। ਉਨਾਂ ਖਾਦ ਵਿਕ੍ਰੇਤਾਵਾਂ ਨੂੰ ਹਦਾਇਤ ਕੀਤੀ ਕਿ ਨੈਨੋ ਯੂਰੀਆ ਦੀ ਵਰਤੋਂ ਨੂੰ ਉਤਸ਼ਾਹਿਤ ਕਰਨ ਲਈ ਕਿਸਾਨਾਂ ਨੂੰ ਨੈਨੋ ਯੂਰੀਆ ਦੀ ਮਹੱਤਤਾ ਬਾਰੇ ਜਾਣੂ ਕਰਵਾਉਣ ਅਤੇ ਵਿਕਰੀ ਦੀ ਰਿਪੋਰਟ ਹਰ ਹਫਤੇ ਭੇਜੀ ਜਾਵੇ।

---------------------------------------------------------------

ਰੂਪਨਗਰ ਸਿਹਤ ਵਿਭਾਗ ਨੇ ਬਰਸਾਤ ਦੇ ਮੌਸਮ ਦੌਰਾਨ ਸੱਪਾਂ ਦੇ ਡੰਗਣ ਦੀਆਂ ਘਟਨਾਵਾਂ ਦੇ ਮੱਦੇਨਜ਼ਰ ਬਚਾਅ ਲਈ ਲੋੜੀਂਦੀਆਂ ਸਾਵਧਾਨੀਆਂ ਵਰਤਣ ਸਬੰਧੀ ਸਲਾਹ ਜਾਰੀ ਕੀਤੀ ਏ। ਸਹਾਇਕ ਸਿਵਲ ਸਰਜਨ ਡਾ. ਅੰਜੂ ਭਾਟੀਆ ਨੇ ਕਿਹਾ ਕਿ ਸੱਪਾਂ ਦੀਆਂ ਕਿਸਮਾਂ ਵਿੱਚੋਂ ਸਿਰਫ 30 ਫ਼ੀਸਦ ਸੱਪ ਹੀ ਜਹਿਰੀਲੇ ਹੁੰਦੇ ਨੇ ਜਿਹੜੇ ਡੰਗ ਮਾਰਨ ਤੇ ਜਾਨਲੇਵਾ ਹੋ ਸਕਦੇ ਨੇ। ਉਨਾਂ ਕਿਹਾ ਕਿ ਸੱਪ ਦੇ ਜ਼ਹਿਰ ਤੋਂ ਬਚਾਅ ਦੇ ਟੀਕੇ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਉਪਲਬਧ ਨੇ ਅਤੇ ਮਰੀਜ਼ਾਂ ਨੂੰ ਬਿਨਾਂ ਕਿਸੇ ਦੇਰੀ ਦੇ ਟੀਕੇ ਲਗਾਉਣੇ ਚਾਹੀਦੇ ਨੇ। ਜ਼ਿਲ੍ਹਾ ਸਿਹਤ ਅਫਸਰ ਡਾ. ਜ਼ਗਜੀਤ ਕੌਰ ਨੇ ਦੱਸਿਆ ਕਿ ਸੱਪ ਦੇ ਡੰਗਣ ਤੋਂ ਬਾਅਦ ਪੀੜਤ ਨੂੰ ਗੈਰ ਸਿੱਖਿਅਤ ਲੋਕਾਂ ਕੋਲ ਜਾਣ ਦੀ ਬਜਾਏ ਸਰਕਾਰੀ ਹਸਪਤਾਲ ਜਾਣਾ ਚਾਹੀਦਾ ਏ। ਸੱਪ ਦੇ ਡੰਗਣ ਦੀ ਸੂਰਤ ਵਿੱਚ ਤੁਰੰਤ ਐਂਬੂਲੈਂਸ ਨੂੰ ਬੁਲਾ ਕੇ ਪੀੜਤ ਨੂੰ ਹਸਪਤਾਲ ਲਿਆ ਕੇ ਮਾਹਰ ਡਾਕਟਰ ਕੋਲੋਂ ਹੀ ਇਲਾਜ ਕਰਵਾਉਣਾ ਚਾਹੀਦਾ ਏ।

---------------------------------------------------------------

ਪੈਰਿਸ ਓਲੰਪਿਕ ਖੇਡਾਂ 'ਚ, ਭਾਰਤੀ ਨਿਸ਼ਾਨੇਬਾਜ਼ ਸ਼ੂਟਰ ਮਨੂ

ਭਾਕਰ, ਅੱਜ 25 ਮੀਟਰ ਏਅਰ ਪਿਸਟਲ ਦੇ ਫਾਈਨਲ ਵਿਚ ਆਪਣੇ ਤੀਜੇ ਤਮਗੇ ਲਈ ਮੁਕਾਬਲਾ ਕਰ ਰਹੀ ਏ। ਤੀਰਅੰਦਾਜ਼ੀ ਵਿੱਚ ਭਜਨ ਕੌਰ ਦਾ ਮੁਕਾਬਲਾ ਇੰਡੋਨੇਸ਼ੀਆ ਦੀ ਡਿਆਂਡਾ ਚੋਰੂ-ਨਿਸ਼ੀਆ ਨਾਲ ਹੋਵੇਗਾ ਅਤੇ ਜਰਮਨੀ ਦੀ ਮਿਸ਼ੇਲ ਕ੍ਰੋਪੇਨ, ਦੀਪਿਕਾ ਕੁਮਾਰੀ ਦੇ ਸਾਹਮਣੇ ਹੋਵੇਗੀ। ਇਹ ਦੋਵੇਂ ਔਰਤ ਵਰਗ ਦੇ ਐਲੀਮੀ-ਨੇਸ਼ਨ ਰਾਊਂਡ ਦਾ ਅਗਲਾ ਮੈਚ ਖੇਡਣਗੀਆਂ। ਮੁੱਕੇਬਾਜ਼ੀ ਦੇ 71 ਕਿਲੋ ਵਰਗ ਦੇ ਕੁਆਰਟਰ ਫਾਈਨਲ ਮੁਕਾਬਲੇ ਵਿੱਚ, ਨਿਸ਼ਾਨ ਦੇਵ ਦਾ ਸਾਹਮਣਾ ਮੈਕਸੀਕੋ ਦੇ ਮਾਰਕੋ ਅਲੋਂਜ਼ੋ ਵਰਡੇ ਅਲਵਾ-ਰੇਜ਼ ਨਾਲ ਹੋਵੇਗਾ। ਮਰਦਾਂ ਦੀ ਹਾਕੀ ਵਿੱਚ, ਕੱਲ੍ਹ ਭਾਰਤ ਨੇ ਮਿਊਨਿਖ ਓਲੰਪਿਕ ਖੇਡਾਂ ਮਗਰੋਂ, 52 ਸਾਲ ਦੇ ਲੰਮੇਂ ਸਮੇਂ ਤੋਂ ਬਾਅਦ ਪਹਿਲੀ ਵਾਰ ਓਲੰਪਿਕ ਖੇਡਾਂ ਵਿੱਚ, ਆਸਟਰੇਲੀਆ ਨੂੰ 3 - 2 ਨਾਲ ਹਰਾਇਆ। ਭਾਰਤ ਲਈ ਪਹਿਲਾ ਗੋਲ ਕਰਨ ਵਾਲੇ ਅਭਿਸ਼ੇਕ ਨੇ ਇਸ ਜਿੱਤ ਤੇ ਕਿਹਾ। ਹੁਣ ਕੁਆਰਟਰ ਫਾਈਨਲ ਵਿੱਚ, ਭਾਰਤ ਦਾ ਸਾਹਮਣਾ ਭਲਕੇ 4 ਅਗਸਤ ਨੂੰ ਗ੍ਰੇਟ ਬ੍ਰਿਟੇਨ ਨਾਲ ਹੋਵੇਗਾ।